ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਪ੍ਰੇਮ ਕੁਮਾਰ ਰਤਨ (98722-20039)
ਮਕਾਨ ਨੰ:78/8, ਪਾਰਕ ਰੋਡ,
ਨਵੀਂ ਮੰਡੀ, ਧੂਰੀ, ਤਹਿਸੀਲ ਧੂਰੀ,
ਜ਼ਿਲ੍ਹਾ ਸੰਗਰੂਰ। ..........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਕਾਰਜ ਸਾਧਕ ਅਫਸਰ,
ਨਗਰ ਕੌਂਸਿਲ ਧੂਰੀ,
ਜ਼ਿਲ੍ਹਾ ਸੰਗਰੂਰ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਡਿਪਟੀ ਡਾਇਰੈਕਟਰ,
ਸਥਾਨਕ ਸਰਕਾਰ, ਪਟਿਆਲਾ। ........ ਉੱਤਰਦਾਤਾ

**ਅਪੀਲ ਕੇਸ ਨੰ:2069 ਆਫ਼ 2018**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਬਲਜਿੰਦਰ ਸਿੰਘ, ਜੂਨੀਅਰ ਇੰਜੀਨੀਅਰ (80549-44043), ਨਗਰ ਕੌਂਸਿਲ ਧੂਰੀ।

**ਹਕਮ:**

ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਈ.ਮੇਲ, ਮਿਤੀ 07-01-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਦੱਸਿਆ ਗਿਆ ਹੈ ਕਿ ਉਸ ਨੂੰ ਅਜੇ ਤੱਕ ਲੋੜੀਂਦੀ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਬਲਜਿੰਦਰ ਸਿੰਘ, ਜੂਨੀਅਰ ਇੰਜੀਨੀਅਰ, ਨਗਰ ਕੌਂਸਿਲ ਧੂਰੀ ਨੇ ਪੱਤਰ ਨੰ:3653/ਪੀ.ਆਈ.ਓ., ਮਿਤੀ 04-01-2019, ਜਿਸ ਰਾਹੀਂ ਅਪੀਲਕਰਤਾ ਨੂੰ ਨੁਕਤਾਵਾਰ ਸੂਚਨਾ ਭੇਜੀ ਹੋਈ ਹੈ, ਪੇਸ਼ ਕੀਤਾ ਹੈ ਜੋ ਕਿ ਮਿਸਲ ਤੇ ਰੱਖ ਲਿਆ ਗਿਆ ਹੈ। ਅਪੀਲਕਰਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਜੇਕਰ ਕੋਈ ਤਰੁੱਟੀਆਂ ਪਾਈਆਂ ਜਾਂਦੀਆਂ ਹੈ ਤਾਂ ਉਨ੍ਹਾਂ ਬਾਰੇ ਲਿਖਤੀ ਰੂਪ ਵਿੱਚ ਤੁਰੰਤ ਸਿੱਧੇ ਤੌਰ ਤੇ ਲੋਕ ਸੂਚਨਾ ਅਧਿਕਾਰੀ ਨੂੰ ਸੂਚਿਤ ਕੀਤਾ ਜਾਵੇ ਤਾਂ ਜੋ ਅਗਲੀ ਪੇਸ਼ੀ ਤੋਂ ਪਹਿਲਾਂ-ਪਹਿਲਾਂ ਉਨ੍ਹਾਂ ਦੀ ਪੂਰਤੀ ਕੀਤੀ ਜਾ ਸਕੇ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਜੇਕਰ ਅਪੀਲਕਰਤਾ ਵੱਲੋਂ ਸੂਚਨਾ ਵਿੱਚ ਕਿਸੇ ਕਿਸਮ ਦੀਆਂ ਤਰੁੱਟੀਆਂ ਨੋਟ ਕਰਵਾਈਆਂ ਜਾਂਦੀਆਂ ਹਨ ਤਾਂ ਉਨ੍ਹਾਂ ਦੀ ਪੂਰਤੀ ਕਰਕੇ ਪੇਸ਼ੀ ਦੀ ਮਿਤੀ ਤੇ ਹਾਜ਼ਰ ਹੋਣਾ ਵੀ ਯਕੀਨੀ ਬਣਾਇਆ ਜਾਵੇ। ਇਸ ਹਦਾਇਤ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 05-02-2019 ਨੂੰ ਸਵੇਰੇ 11-30 ਵਜੇ** ਲਈ ਨਿਸਚਿਤ ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 08 ਜਨਵਰੀ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਪ੍ਰੇਮ ਕੁਮਾਰ ਰਤਨ (98722-20039)
ਮਕਾਨ ਨੰ:78/8, ਪਾਰਕ ਰੋਡ,
ਨਵੀਂ ਮੰਡੀ, ਧੂਰੀ, ਤਹਿਸੀਲ ਧੂਰੀ,
ਜ਼ਿਲ੍ਹਾ ਸੰਗਰੂਰ। ..........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਕਾਰਜ ਸਾਧਕ ਅਫਸਰ,
ਨਗਰ ਕੌਂਸਿਲ ਧੂਰੀ,
ਜ਼ਿਲ੍ਹਾ ਸੰਗਰੂਰ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਡਿਪਟੀ ਡਾਇਰੈਕਟਰ,
ਸਥਾਨਕ ਸਰਕਾਰ, ਪਟਿਆਲਾ। ........ ਉੱਤਰਦਾਤਾ

**ਅਪੀਲ ਕੇਸ ਨੰ:2070 ਆਫ਼ 2018**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਬਲਜਿੰਦਰ ਸਿੰਘ, ਜੂਨੀਅਰ ਇੰਜੀਨੀਅਰ (80549-44043), ਨਗਰ ਕੌਂਸਿਲ ਧੂਰੀ।

**ਹਕਮ:**

ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਈ.ਮੇਲ, ਮਿਤੀ 07-01-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਦੱਸਿਆ ਗਿਆ ਹੈ ਕਿ ਉਸ ਨੂੰ ਅਜੇ ਤੱਕ ਲੋੜੀਂਦੀ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਬਲਜਿੰਦਰ ਸਿੰਘ, ਜੂਨੀਅਰ ਇੰਜੀਨੀਅਰ, ਨਗਰ ਕੌਂਸਿਲ ਧੂਰੀ ਨੇ ਪੱਤਰ ਨੰ:3656/ਪੀ.ਆਈ.ਓ., ਮਿਤੀ 04-01-2019, ਜਿਸ ਦਾ ਇੱਕ ਉਤਾਰਾ ਅਪੀਲਕਰਤਾ ਨੂੰ ਵੀ ਭੇਜਿਆ ਹੋਇਆ ਹੈ, ਪੇਸ਼ ਕੀਤਾ ਹੈ ਜ਼ੋ ਕਿ ਮਿਸਲ ਤੇ ਰੱਖ ਲਿਆ ਗਿਆ ਹੈ। ਇਸ ਪੱਤਰ ਰਾਹੀਂ ਉੱਤਰਦਾਤਾ ਵੱਲੋਂ ਦੱਸਿਆ ਗਿਆ ਹੈ ਕਿ ਉਨ੍ਹਾਂ ਵੱਲੋ ਆਪਣੇ ਪੱਤਰ ਨੰ:28, ਮਿਤੀ 06-04-2018 ਰਾਹੀਂ ਅਪੀਲਕਰਤਾ ਨੂੰ ਪਹਿਲਾਂ ਹੀ ਸੂਚਨਾ ਭੇਜੀ ਜਾ ਚੱਕੀ ਹੈ। ਅਪੀਲਕਰਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਜੇਕਰ ਕੋਈ ਤਰੁੱਟੀਆਂ ਪਾਈਆਂ ਜਾਂਦੀਆਂ ਹੈ ਤਾਂ ਉਨ੍ਹਾਂ ਬਾਰੇ ਲਿਖਤੀ ਰੂਪ ਵਿੱਚ ਤੁਰੰਤ ਸਿੱਧੇ ਤੌਰ ਤੇ ਲੋਕ ਸੂਚਨਾ ਅਧਿਕਾਰੀ ਨੂੰ ਸੂਚਿਤ ਕੀਤਾ ਜਾਵੇ ਤਾਂ ਜੋ ਅਗਲੀ ਪੇਸ਼ੀ ਤੋਂ ਪਹਿਲਾਂ-ਪਹਿਲਾਂ ਉਨ੍ਹਾਂ ਦੀ ਪੂਰਤੀ ਕੀਤੀ ਜਾ ਸਕੇ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਜੇਕਰ ਅਪੀਲਕਰਤਾ ਵੱਲੋਂ ਸੂਚਨਾ ਵਿੱਚ ਕਿਸੇ ਕਿਸਮ ਦੀਆਂ ਤਰੁੱਟੀਆਂ ਨੋਟ ਕਰਵਾਈਆਂ ਜਾਂਦੀਆਂ ਹਨ ਤਾਂ ਉਨ੍ਹਾਂ ਦੀ ਪੂਰਤੀ ਕਰਕੇ ਪੇਸ਼ੀ ਦੀ ਮਿਤੀ ਤੇ ਹਾਜ਼ਰ ਹੋਣਾ ਵੀ ਯਕੀਨੀ ਬਣਾਇਆ ਜਾਵੇ। ਇਸ ਹਦਾਇਤ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 05-02-2019 ਨੂੰ ਸਵੇਰੇ 11-30 ਵਜੇ** ਲਈ ਨਿਸਚਿਤ ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 08 ਜਨਵਰੀ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਪ੍ਰੇਮ ਕੁਮਾਰ ਰਤਨ (98722-20039)
ਮਕਾਨ ਨੰ:78/8, ਪਾਰਕ ਰੋਡ,
ਨਵੀਂ ਮੰਡੀ, ਧੂਰੀ, ਤਹਿਸੀਲ ਧੂਰੀ,
ਜ਼ਿਲ੍ਹਾ ਸੰਗਰੂਰ। ..........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਕਾਰਜ ਸਾਧਕ ਅਫਸਰ,
ਨਗਰ ਕੌਂਸਿਲ ਧੂਰੀ,
ਜ਼ਿਲ੍ਹਾ ਸੰਗਰੂਰ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਡਿਪਟੀ ਡਾਇਰੈਕਟਰ,
ਸਥਾਨਕ ਸਰਕਾਰ, ਪਟਿਆਲਾ। ........ ਉੱਤਰਦਾਤਾ

**ਅਪੀਲ ਕੇਸ ਨੰ:2134 ਆਫ਼ 2018**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਬਲਜਿੰਦਰ ਸਿੰਘ, ਜੂਨੀਅਰ ਇੰਜੀਨੀਅਰ (80549-44043), ਨਗਰ ਕੌਂਸਿਲ ਧੂਰੀ।

**ਹਕਮ:**

ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਈ.ਮੇਲ, ਮਿਤੀ 07-01-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਦੱਸਿਆ ਗਿਆ ਹੈ ਕਿ ਉਸ ਨੂੰ ਅਜੇ ਤੱਕ ਲੋੜੀਂਦੀ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਬਲਜਿੰਦਰ ਸਿੰਘ, ਜੂਨੀਅਰ ਇੰਜੀਨੀਅਰ, ਨਗਰ ਕੌਂਸਿਲ ਧੂਰੀ ਨੇ ਪੱਤਰ ਨੰ:3152/ਪੀ.ਆਈ.ਓ., ਮਿਤੀ 12-11-2018, ਜਿਸ ਦਾ ਇੱਕ ਉਤਾਰਾ ਅਪੀਲਕਰਤਾ ਨੂੰ ਵੀ ਭੇਜਿਆ ਹੋਇਆ ਹੈ, ਪੇਸ਼ ਕੀਤਾ ਹੈ ਜ਼ੋ ਕਿ ਮਿਸਲ ਤੇ ਰੱਖ ਲਿਆ ਗਿਆ ਹੈ। ਇਸ ਪੱਤਰ ਰਾਹੀਂ ਉੱਤਰਦਾਤਾ ਵੱਲੋਂ ਦੱਸਿਆ ਗਿਆ ਹੈ ਕਿ ਅਪੀਲਕਰਤਾ ਵੱਲੋਂ ਆਰ.ਟੀ.ਆਈ. ਮਿਤੀ 06-04-2018 ਰਾਹੀਂ ਮੰਗੀ ਸੂਚਨਾ ਨਿੱਜੀ ਜਾਣਕਾਰੀ ਨਾਲ ਸਬੰਧਤ ਸੀ। ਇਸ ਲਈ ਪਬਲਿਕ ਤੋਂ ਸਹਿਮਤੀ ਲੈਣੀ ਜ਼ਰੂਰੀ ਸੀ। ਪਬਲਿਕ ਵੱਲੋਂ ਰਿਕਾਰਡ ਦੇਣ ਲਈ ਸਹਿਮਤੀ ਤੋਂ ਬਾਅਦ ਹੀ ਸੂਚਨਾ ਮੁਹੱਈਆ ਕਰਵਾਈ ਜਾਣੀ ਸੀ। ਇਸ ਸਬੰਧ ਵਿੱਚ ਉਨ੍ਹਾਂ ਵੱਲੋਂ ਆਪਣੇ ਪੱਤਰ ਨੰ:1077, ਮਿਤੀ 12-04-2018 ਦੁਆਰਾ ਅਪੀਲਕਰਤਾ ਨੂੰ ਸੂਚਿਤ ਕੀਤਾ ਗਿਆ ਸੀ। ਉਨ੍ਹਾਂ ਸਬੰਧਤ ਪਾਰਟੀ ਸਬੰਧਤ ਪਾਰਟੀ ਵੱਲੋ ਉਨ੍ਹਾਂ ਦੇ ਕਾਗਜ਼ਾਤ ਦੇ ਸਬੰਧੀ ਸਹਿਮਤੀ ਦੇਣ ਲਈ ਪੱਤਰ ਲਿਖੇ ਗਏ ਸਨ ਪਰੰਤੂ ਥਰਡ ਪਾਰਟੀ ਵੱਲੋਂ ਇਹ ਸੂਚਨਾ ਨਿੱਜੀ ਹੋਣ ਕਾਰਨ ਨਾ ਦੇਣ ਲਈ ਲਿਖਿਆ ਗਿਆ ਹੈ। ਇਸ ਕਰਕੇ ਉਨ੍ਹਾਂ ਵੱਲੋ ਕਿਹਾ ਗਿਆ ਹੈ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਥਰਡ ਪਾਰਟੀ ਨਾਲ ਸਬੰਧਤ ਹੋਣ ਕਰਕੇ ਅਪੀਲਕਰਤਾ ਨੂੰ ਦਿੱਤੀ ਨਹੀਂ ਜਾ ਸਕਦੀ। ਅਪੀਲਕਰਤਾ ਨੂੰ ਆਪਣਾ ਪੱਖ ਲਿਖਤੀ ਰੂਪ ਵਿੱਚ ਪੇਸ਼ ਕਰਨ ਦਾ ਮੌਕਾ ਦਿੱਤਾ ਜਾਂਦਾ ਹੈ।ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਪੇਸ਼ੀ ਦੀ ਮਿਤੀ ਤੇ ਹਾਜ਼ਰ ਹੋਣਾ ਯਕੀਨੀ ਬਣਾਇਆ ਜਾਵੇ। ਇਸ ਹਦਾਇਤ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 05-02-2019 ਨੂੰ ਸਵੇਰੇ 11-30 ਵਜੇ** ਲਈ ਨਿਸਚਿਤ ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 08 ਜਨਵਰੀ, 2019.**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਰਵੀ ਕੁਮਾਰ,
(ਆਰ.ਟੀ.ਆਈ. ਐਕਟੀਵਿਸਟ),
ਮਕਾਨ ਨੰ:107,
ਸੰਤਪੁਰਾ ਗੁਰੂਦਵਾਰਾ ਦੇ ਪਿਛਲੇ ਪਾਸੇ,
ਪਟਿਆਲਾ ਗੇਟ, ਸੰਗਰੂਰ। ----- ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਨਗਰ ਕੌਂਸਿਲ, ਸੰਗਰੂਰ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਡਿਪਟੀ ਡਾਇਰੈਕਟਰ,
ਸਥਾਨਕ ਸਰਕਾਰ, ਪਟਿਆਲਾ। -----ਉੱਤਰਦਾਤਾ

**ਅਪੀਲ ਕੇਸ ਨੰ:3118 ਆਫ਼ 2018**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਨਹੀਂ।
2) ਉੱਤਰਦਾਤਾ ਵੱਲੋਂ ਵੀ ਕੋਈ ਨਹੀਂ।

**ਹਕਮ:**

ਦੋਵੇਂ ਧਿਰਾਂ ਵਿੱਚੋਂ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ।

2. ਪਿਛਲੀ ਪੇਸ਼ੀ, ਮਿਤੀ 14-11-2018 ਤੇ ਅਪੀਲਕਰਤਾ ਨੇ ਦੱਸਿਆ ਸੀ ਕਿ ਉਸ ਨੂੰ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀ ਰਾਜ ਕੁਮਾਰ, ਕਲਰਕ ਨੇ ਪੱਤਰ ਨੰ:2468, ਮਿਤੀ 13-11-2018 ਰਾਹੀਂ ਕੁੱਝ ਸੂਚਨਾ ਅਪੀਲਕਰਤਾ ਨੂੰ ਅੱਜ ਪੇਸ਼ੀ ਦੌਰਾਨ ਦਸਤੀ ਦੇ ਦਿੱਤੀ ਸੀ ਅਤੇ ਬਾਕੀ ਸੂਚਨਾ ਅਗਲੇ ਦਿਨ ਅਪੀਲਕਰਤਾ ਨੂੰ ਮੁਹੱਈਆ ਕਰਾਉਣ ਦਾ ਭਰੋਸਾ ਦਿੱਤਾ ਗਿਆ ਸੀ। ਅਪੀਲਕਰਤਾ ਵੱਲੋਂ ਬਾਕੀ ਰਹਿੰਦੀ ਸੂਚਨਾ ਪ੍ਰਾਪਤ ਕੀਤੇ ਜਾਣ ਦੀ ਪੁਸ਼ਟੀ ਲਈ ਇਹ ਕੇਸ ਅਗਲੀ ਸੁਣਵਾਈ ਮਿਤੀ 08-01-2019 ਨੂੰ 11.30 ਵਜੇ ਲਈ ਨਿਸਚਿਤ ਕੀਤਾ ਗਿਆ ਸੀ। ਪਰੰਤੂ ਸਬੰਧਤ ਕਰਮਚਾਰੀ ਅੱਜ ਹਾਜ਼ਰ ਨਹੀਂ ਹੋਇਆ ਜਦੋਂ ਕਿ ਲੋਕ ਸੂਚਨਾ ਅਧਿਕਾਰੀ ਵੱਲੋਂ ਆਪਣੇ ਪੱਤਰ ਨੰ:2683/ਜ.ਸ., ਮਿਤੀ 10-12-2018 ਰਾਹੀਂ ਉਸ ਨੂੰ ਪੇਸ਼ੀ ਤੇ ਹਾਜ਼ਰ ਹੋਣ ਅਤੇ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕਰਵਾਉਣ ਦੀ ਹਦਾਇਤ ਵੀ ਕੀਤੀ ਗਈ ਸੀ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਪੇਸ਼ੀ ਦੀ ਮਿਤੀ ਤੇ ਹਾਜ਼ਰ ਹੋ ਕੇ ਇਸ ਬਾਰੇ ਸਪੱਸ਼ਟੀਕਰਣ ਪੇਸ਼ ਕੀਤਾ ਜਾਵੇ। ਅਪੀਲਕਰਤਾ ਨੂੰ ਵੀ ਆਪਣਾ ਪੱਖ ਪੇਸ਼ ਕਰਨ ਦਾ ਮੌਕਾ ਦਿੱਤਾ ਜਾਂਦਾ ਹੈ।ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 05-02-2019 ਨੂੰ ਸਵੇਰੇ 11-30 ਵਜੇ** ਲਈ ਨਿਸਚਿਤ ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 08 ਜਨਵਰੀ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਨੋਟ:-** ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਦੀ ਤਰਫੋਂ ਸ਼੍ਰੀ ਰਾਜ ਕੁਮਾਰ, ਜੂਨੀਅਰ ਸਹਾਇਕ (98158-98265), ਨਗਰ ਕੌਂਸਿਲ, ਸੰਗਰੂਰ, ਅਦਾਲਤ ਦੀ ਕਾਰਵਾਈ ਖਤਮ ਹੋਣ ਤੋਂ ਬਾਅਦ ਹਾਜ਼ਰ ਹੋਇਆ, ਜਿਸ ਨੂੰ ਅਦਾਲਤ ਦੀ ਕਾਰਵਾਈ ਤੋਂ ਜਾਣੂ ਕਰਵਾ ਦਿੱਤਾ ਗਿਆ ਹੈ।

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਸ਼੍ਰੀਕ੍ਰਿਸ਼ਨ ਕੌਸ਼ਿਕ, (99150-43105)
ਪਿੰਸੀਪਲ (ਰਿਟਾਇਰਡ),
72 ਏ-ਐਸ, ਗਲੀ ਨੰ:2,
ਸੰਤ ਨਗਰ, ਪਟਿਆਲਾ। ..........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਡਾਇਰੈਕਟਰ, ਸਿੱਖਿਆ (ਕਾਲਿਜਾਂ)ਪੰਜਾਬ,
ਸਿੱਖਿਆ ਭਵਨ, ਮੁਹਾਲੀ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਡਾਇਰੈਕਟਰ, ਸਿੱਖਿਆ (ਕਾਲਿਜਾਂ)ਪੰਜਾਬ,
ਸਿੱਖਿਆ ਭਵਨ, ਮੁਹਾਲੀ। ........ ਉੱਤਰਦਾਤਾ

**ਅਪੀਲ ਕੇਸ ਨੰ:3135 ਆਫ਼ 2018**

**ਹਾਜ਼ਰ:-**

1) ਸ਼੍ਰੀ ਸ਼੍ਰੀਕ੍ਰਿਸ਼ਨ ਕੌਸ਼ਿਕ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀਮਤੀ ਸੋਨੀਆ ਸੀਨੀਅਰ ਸਹਾਇਕ (98786-01357)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 02-05-2018, ਲੋਕ ਸੂਚਨਾ ਅਧਿਕਾਰੀ ਦਫਤਰ ਡਾਇਰੈਕਟਰ, ਸਿੱਖਿਆ (ਕਾਲਿਜਾਂ) ਪੰਜਾਬ, ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਆਪਣੇ ਜੀ.ਪੀ.ਐਫ. ਅਕਾਊਂਟ ਨੰ:ਟੀ-1105 ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 25-06-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 13-09-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 16-10-2018 ਨੂੰ ਪਹਿਲੀ ਸੁਣਵਾਈ ਮਿਤੀ 14-11-2018 ਨੂੰ ਸਵੇਰੇ 11:30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀਮਤੀ ਸੋਨੀਆ, ਸੀਨੀਅਰ ਸਹਾਇਕ ਨੇ ਪੱਤਰ ਨੰ:10/82-17 ਫੰਡ(1)/1417-18, ਮਿਤੀ 04-01-2019, ਜਿਸ ਰਾਹੀਂ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕੀਤੀ ਗਈ ਹੈ, ਪੇਸ਼ ਕੀਤਾ ਹੈ ਜੋ ਕਿ ਮਿਸਲ ਤੇ ਰੱਖ ਲਿਆ ਗਿਆ ਹੈ। ਅਪੀਲਕਰਤਾ ਨੇ ਮੰਨਿਆ ਹੈ ਕਿ ਉਸ ਨੂੰ ਸੂਚਨਾ ਪ੍ਰਾਪਤ ਹੋ ਗਈ ਹੈ ਅਤੇ ਉਸ ਨੇ ਪ੍ਰਾਪਤ ਹੋਈ ਸੂਚਨਾ ਤੇ ਸੰਤੁਸ਼ਟੀ ਜ਼ਾਹਿਰ ਕੀਤੀ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 08 ਜਨਵਰੀ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਸਚਿਨ ਸਿੰਗਲ,
ਮਕਾਨ ਨੰ:4716, ਮੁਹੱਲਾ ਭੋਗਿਆ,
ਨੇੜੇ ਲਪੇਸ਼ਾਹ ਚੌਕ,
ਜਗਰਾਓਂ, ਜ਼ਿਲ੍ਹਾ ਲੁਧਿਆਣਾ। ...........ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਡਾਇਰੈਕਟਰ, ਸਿੱਖਿਆ (ਕਾਲਿਜਾਂ) ਪੰਜਾਬ,
ਫੇਸ-8, ਐਸ.ਏ.ਐਸ. ਨਗਰ। -----ਉੱਤਰਦਾਤਾ

**ਸ਼ਿਕਾਇਤ ਕੇਸ ਨੰ:921 ਆਫ਼ 2018**

**ਹਾਜ਼ਰ:-**

1) ਸ਼ਿਕਾਇਤਕਰਤਾ ਵੱਲੋਂ ਸ਼੍ਰੀ ਗੁਰਪ੍ਰੀਤ ਸਿੰਘ, 98720-90755)।
2) ਉੱਤਰਦਾਤਾ ਵੱਲੋਂ ਸ਼੍ਰੀ ਜੈ ਸਿੰਘ ਰਾਣਾ, ਸੀਨੀਅਰ ਸਹਾਇਕ (82830-38959)।

**ਹਕਮ:**

ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਸ਼ਿਕਾਇਤਕਰਤਾ ਵੱਲੋਂ ਹਾਜ਼ਰ ਸ਼੍ਰੀ ਗੁਰਪ੍ਰੀਤ ਸਿੰਘ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਹਾਜ਼ਰ, ਸ਼੍ਰੀ ਜੈ ਸਿੰਘ ਰਾਣਾ, ਸੀਨੀਅਰ ਸਹਾਇਕ ਨੇ ਕਿਹਾ ਹੈ ਕਿ ਸ਼ਿਕਾਇਤਕਰਤਾ ਵੱਲੋਂ ਪਾਈ ਗਈ ਆਰ.ਟੀ.ਆਈ., ਮਿਤੀ 14-06-2018 ਉਨ੍ਹਾਂ ਨੂੰ ਕਮਿਸ਼ਨ ਵੱਲੋਂ ਸੁਣਵਾਈ ਲਈ ਭੇਜੇ ਗਏ ਨੋਟਿਸ ਦੇ ਨਾਲ ਮਿਤੀ 05-10-2018 ਨੂੰ ਪਹਿਲੀ ਵਾਰ ਪ੍ਰਾਪਤ ਹੋਈ ਹੈ ਅਤੇ ਇਸ ਤੋਂ ਪਹਿਲਾਂ ਉਨ੍ਹਾਂ ਨੂੰ ਭੇਜੀ ਗਈ ਆਰ.ਟੀ.ਆਈ. ਉਪਲਬਧ ਨਹੀਂ ਹੋਈ। ਇਸ ਕਰਕੇ ਉਹ ਮਿਤੀ 05-10-2018 ਨੂੰ ਪ੍ਰਾਪਤ ਹੋਈ ਆਰ.ਟੀ.ਆਈ. ਮੁਤਾਬਿਕ ਸੂਚਨਾ ਇਕੱਠੀ ਕਰ ਰਹੇ ਹਨ।ਉਸ ਨੇ ਇਹ ਵੀ ਦੱਸਿਆ ਹੈ ਕਿ ਲੱਗਭਗ 80% ਸੂਚਨਾ ਇਕੱਠੀ ਕੀਤੀ ਜਾ ਚੁੱਕੀ ਹੈ ਅਤੇ ਲਗਭੱਗ 20% ਸੂਚਨਾ ਅਜੇ ਇੱਕਠੀ ਕਰਨੀ ਬਾਕੀ ਹੈ।ਇਸ ਲਈ ਹਾਜ਼ਰ ਉੱਤਰਦਾਤਾ ਵੱਲੋਂ ਕੁੱਝ ਸਮੇਂ ਦੀ ਮੰਗ ਕੀਤੀ ਗਈ ਹੈ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 05-02-2019 ਨੂੰ ਸਵੇਰੇ 11-30 ਵਜੇ** ਲਈ ਨਿਸਚਿਤ ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 08 ਜਨਵਰੀ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172-2864125,2864110

ਸ਼੍ਰੀ ਰੂਪ ਲਾਲ ਇੰਸਾ,
ਗਲੀ ਤਾਰਾ ਚੰਦ,
ਮੰਡੀ ਹਰਜੀਰਾਮ,
ਮਲੋਟ-152107,
ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ। ...........ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਪ੍ਰਿੰਸੀਪਲ,
ਡੀ.ਏ.ਵੀ. ਕਾਲਿਜ, ਮਲੋਟ,
ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ। ........ ਉੱਤਰਦਾਤਾ

**ਸ਼ਿਕਾਇਤ ਕੇਸ ਨੰ:951 ਆਫ਼ 2018**

**ਹਾਜ਼ਰ:-** 1) ਸ਼ਿਕਾਇਤਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ ਵੱਲੋਂ ਵੀ ਕੋਈ ਨਹੀਂ।

**ਹਕਮ:**

ਪਿਛਲੀ ਪੇਸ਼ੀ, ਮਿਤੀ 14-11-2018 ਤੇ ਸ਼ਿਕਾਇਤਕਰਤਾ ਨੇ ਹਾਜ਼ਰ ਹੋ ਕੇ ਦੱਸਿਆ ਸੀ ਕਿ ਉਸ ਨੂੰ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਦੇ ਨੁਮਾਇੰਦੇ ਸ਼੍ਰੀ ਆਰ.ਐਸ. ਡਡਵਾਲ, ਐਡਵੋਕੇਟ, ਵੱਲੋਂ ਸ਼ਿਕਾਇਤਕਰਤਾ ਦੇ ਪੇਸ਼ੀ ਭਗਤ ਜਾਣ ਤੋਂ ਬਾਅਦ ਹਾਜ਼ਰ ਹੋ ਕੇ ਆਪਣਾ ਲਿਖਤੀ ਜਵਾਬ ਪੇਸ਼ ਕੀਤਾ ਸੀ, ਜੋ ਕਿ ਮਿਸਲ ਤੇ ਰੱਖ ਲਿਆ ਗਿਆ ਸੀ। ਦੋਵੇਂ ਧਿਰਾਂ ਨੂੰ ਆਪਣਾ ਪੱਖ ਪੇਸ਼ ਕਰਨ ਦਾ ਮੌਕਾ ਦਿੱਤਾ ਗਿਆ ਸੀ। ਇਸ ਲਈ ਇਹ ਕੇਸ ਅਗਲੀ ਸੁਣਵਾਈ ਮਿਤੀ 08-01-2019 ਨੂੰ 11.30 ਵਜੇ ਲਈ ਨਿਸਚਿਤ ਕੀਤਾ ਗਿਆ ਸੀ। ਪਰੰਤੂ ਅੱਜ ਦੋਵੇਂ ਧਿਰਾਂ ਵਿੱਚੋਂ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਇਸ ਲਈ ਦੋਵੇਂ ਧਿਰਾਂ ਨੂੰ ਪੇਸ਼ੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਆਪਣਾ ਪੱਖ ਪੇਸ਼ ਕਰਨ ਦਾ ਇੱਕ ਹੋਰ ਮੌਕਾ ਦਿੱਤਾ ਜਾਂਦਾ ਹੈ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 05-02-2019 ਨੂੰ ਸਵੇਰੇ 11.30 ਵਜੇ ਲਈ** ਨਿਸਚਿਤ ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 08 ਜਨਵਰੀ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172-2864125,2864110

ਸ੍ਰੀ ਗੁਰਚਰਨ ਸਿੰਘ, (98788-32991)
ਪੁੱਤਰ ਸ਼੍ਰੀ ਜ਼ੋਰਾ ਸਿੰਘ,
ਪਿੰਡ ਸਫੀਪੁਰ ਕਲਾਂ,
ਡਾਕਖਾਨਾ ਕਮਾਲਪੁਰ,
ਥਾਣਾ ਦਿੜ੍ਹਬਾ, ਤਹਿਸੀਲ ਦਿੜ੍ਹਬਾ,
ਜਿਲ੍ਹਾ ਸੰਗਰੂਰ। ..........ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਸੀਨੀਅਰ ਕਪਤਾਨ, ਪੁਲਿਸ,
ਸੰਗਰੂਰ। ....... ਉੱਤਰਦਾਤਾ

**ਸ਼ਿਕਾਇਤ ਕੇਸ ਨੰ:959 ਆਫ਼ 2018**

**ਹਾਜ਼ਰ:-** 1) ਸ਼੍ਰੀ ਗੁਰਚਰਨ ਸਿੰਘ, ਸ਼ਿਕਾਇਤਕਰਤਾ।
2) ਉੱਤਰਦਾਤਾ ਵੱਲੋਂ ਸ਼੍ਰੀ ਅਜੈਬ ਸਿੰਘ, ਏ.ਐਸ.ਆਈ. (80545-45411)।

**ਹਕਮ:**

ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਸ਼ਿਕਾਇਤਕਰਤਾ ਨੇ ਦੱਸਿਆ ਹੈ ਕਿ ਉਸ ਨੂੰ ਅਜੇ ਤੱਕ ਮੁਕੰਮਲ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀ ਅਜੈਬ ਸਿੰਘ, ਏ.ਐਸ.ਆਈ. ਨੇ ਪੱਤਰ ਨੰ:108-ਅਪੀਲ/ਆਰ.ਟੀ.ਆਈ., ਮਿਤੀ 07-01-2019 ਰਾਹੀਂ ਜਵਾਬ ਪੇਸ਼ ਕਰਦੇ ਹੋਏ ਕਿਹਾ ਹੈ ਕਿ ਸ਼ਿਕਾਇਤਕਰਤਾ ਨੂੰ ਪੱਤਰ ਮਿਤੀ 05/12/2018 ਰਾਹੀ ਸੂਚਨਾ ਭੇਜੀ ਜਾ ਚੁੱਕੀ ਹੈ ਜਿਸ ਅਨੁਸਾਰ ਦੱਸਿਆ ਗਿਆ ਹੈ ਕਿ ਮਾਣਯੋਗ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵੱਲੋਂ ਸਿਵਲ ਰਿੱਟ ਪਟੀਸ਼ਨ ਨੰ:19578 ਆਫ਼ 2011 ਵਿੱਚ ਪਾਸ ਕੀਤੀ ਗਈ ਜੱਜਮੈਂਟ ਅਨੁਸਾਰ ਕਿਸੇ ਕਰਮਚਾਰੀ ਨੂੰ ਮਾਣਯੋਗ ਅਦਾਲਤ ਵੱਲੋਂ ਸਜਾ ਦਾ ਹੁਕਮ ਹੋਣ ਉਪਰੰਤ ਡਿਸਮਿਸ ਕੀਤਾ ਜਾਣਾ ਲਾਜ਼ਮੀ ਨਹੀਂ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤੇ ਗਏ ਜਵਾਬ ਨੂੰ ਘੋਖਣ ਤੇ ਇਹ ਪਾਇਆ ਗਿਆ ਹੈ ਕਿ ਇਹ ਜਵਾਬ ਕਮਿਸ਼ਨ ਦੇ ਅੰਤ੍ਰਿਮ ਹੁਕਮ, ਮਿਤੀ 14-11-2018 ਅਨੁਸਾਰ ਸਹੀ ਨਹੀਂ ਹੈ ਕਿਉਂਕਿ ਇਸ ਵਿੱਚ ਇਹ ਜ਼ਿਕਰ ਨਹੀਂ ਕੀਤਾ ਗਿਆ ਕਿ ਸਬੰਧਤ ਮੁਲਾਜ਼ਮ ਸ਼ਸ਼ੀ ਕਪੂਰ, ਏ.ਐਸ.ਆਈ. ਅਤੇ ਤੇਜਿੰਦਰ ਸਿੰਘ ਐਚ.ਸੀ. ਇਸ ਵੇਲੇ ਸਰਕਾਰੀ ਸੇਵਾ ਕਰ ਰਹੇ ਹਨ ਜਾਂ ਨਹੀਂ। ਇਸ ਲਈ ਹਾਜ਼ਰ ਉੱਤਰਦਾਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਪੂਰੇ ਵੇਰਵੇ ਸਹਿਤ ਸਪੱਸ਼ਟ ਸੂਚਨਾ ਰਜਿਸਟਰਡ ਡਾਕ ਰਾਹੀਂ ਸ਼ਿਕਾਇਤਕਰਤਾ ਨੂੰ ਅਗਲੀ ਪੇਸ਼ੀ ਤੋਂ ਪਹਿਲਾਂ-ਪਹਿਲਾਂ ਭੇਜ਼ ਕੇ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 16-01-2019 ਨੂੰ 11.30 ਵਜੇ ਲਈ ਨਿਸਚਿਤ ਕੀਤਾ ਜਾਂਦਾ ਹੈ।**

**(ਨਿਪੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 08 ਜਨਵਰੀ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172-2864125,2864110

ਸ਼੍ਰੀ ਨਿਤਿਨ ਡੋਗਰਾ, ਐਡਵੋਕੇਟ, (99881-15878)
ਚੈਂਬਰ ਨੰ:240,
ਜ਼ਿਲ੍ਹਾ ਕੋਰਟਸ ਕੰਪਲੈਕਸ,
ਪਠਾਨਕੋਟ। ..........ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਕਮਿਸ਼ਨਰ,
ਜਲੰਧਰ ਡਿਵੀਜ਼ਨ-ਕਮ-
ਆਰਬੀਟਰੇਟਰ,
ਜਲੰਧਰ। ....... ਉੱਤਰਦਾਤਾ

**ਸ਼ਿਕਾਇਤ ਕੇਸ ਨੰ:961 ਆਫ਼ 2018**

**ਹਾਜ਼ਰ:-** 1) ਸ਼ਿਕਾਇਤਕਰਤਾ ਵੱਲੋਂ ਕੋਈ ਨਹੀਂ।
2) ਉੱਤਰਦਾਤਾ ਵੱਲੋਂ ਕੋਈ ਨਹੀਂ।

**ਹਕਮ:**

ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਵਿੱਚੋਂ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਨ੍ਹਾਂ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਭੇਜੀ ਗਈ ਹੈ। ਪਰੰਤੂ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਇੱਕ ਪੱਤਰ ਨੰ:751-52, ਮਿਤੀ 20-11-2018 ਪ੍ਰਾਪਤ ਹੋਇਆ ਹੈ ਜਿਸ ਅਨੁਸਾਰ ਸ਼ਿਕਾਇਤਕਰਤਾ ਨੂੰ ਨੁਕਤਾਵਾਰ ਸੂਚਨਾ ਭੇਜੀ ਹੋਈ ਹੈ। ਸ਼ਿਕਾਇਤਕਰਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਜੇਕਰ ਕੋਈ ਤਰੁੱਟੀਆਂ ਪਾਈਆਂ ਜਾਂਦੀਆਂ ਹੈ ਤਾਂ ਉਨ੍ਹਾਂ ਬਾਰੇ ਲਿਖਤੀ ਰੂਪ ਵਿੱਚ ਤੁਰੰਤ ਸਿੱਧੇ ਤੌਰ ਤੇ ਲੋਕ ਸੂਚਨਾ ਅਧਿਕਾਰੀ ਨੂੰ ਸੂਚਿਤ ਕੀਤਾ ਜਾਵੇ ਤਾਂ ਜੋ ਅਗਲੀ ਪੇਸ਼ੀ ਤੋਂ ਪਹਿਲਾਂ-ਪਹਿਲਾਂ ਉਨ੍ਹਾਂ ਦੀ ਪੂਰਤੀ ਕੀਤੀ ਜਾ ਸਕੇ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਜੇਕਰ ਸ਼ਿਕਾਇਤਕਰਤਾ ਵੱਲੋਂ ਸੂਚਨਾ ਵਿੱਚ ਕਿਸੇ ਕਿਸਮ ਦੀਆਂ ਤਰੁੱਟੀਆਂ ਨੋਟ ਕਰਵਾਈਆਂ ਜਾਂਦੀਆਂ ਹਨ ਤਾਂ ਉਨ੍ਹਾਂ ਦੀ ਪੂਰਤੀ ਕਰਕੇ ਪੇਸ਼ੀ ਦੀ ਮਿਤੀ ਤੇ ਹਾਜ਼ਰ ਹੋਣਾ ਵੀ ਯਕੀਨੀ ਬਣਾਇਆ ਜਾਵੇ। ਇਸ ਹਦਾਇਤ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 05-02-2019 ਨੂੰ ਸਵੇਰੇ 11-30 ਵਜੇ** ਲਈ ਨਿਸਚਿਤ ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 08 ਜਨਵਰੀ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ

ਪੰਜਾਬ ਰੈਂਡ ਕਰਾਸ ਭਵਨ ਨਜਦੀਕ ਰੋਜ ਗਾਰਡਨ,ਸੈਕਟਰ 16 ਚੰਡੀਗੜ੍ਹ
E-mail :- psic23@punjabmail.gov.in,, Phone No. 0172-2864113
(www.infocommpunjab.com) Fax : 0172-2864125,2864110

ਮਿਸ: ਦਿਵਯਾ ਜੈਂਨ,
ਮਕਾਨ ਨੰ: 737, ਗਲੀ ਨੰ: 1 ਏ, ਬਲਾਕ ਡੀ,
ਗੁਰੂ ਨਾਨਕ ਕਲੋਨੀ, ਸੰਗਰੂਰ।  ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਮੁੱਢਲਾ ਸਿਹਤ ਕੇਂਦਰ ਮੂਨਕ,
ਜਿਲ੍ਹਾ ਸੰਗਰੂਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਸਿਵਲ ਸਰਜਨ ,
ਜਿਲ੍ਹਾ ਪ੍ਰਸ਼ਾਸ਼ਨ ਕੰਪਲੈਕਸ ਬਲਾਕ ਨੰ: 2, ਤੀਜੀ ਮੰਜ਼ਿਲ,
ਸੰਗਰੂਰ।

------ਉੱਤਰਦਾਤਾ

**ਅਪੀਲ ਕੇਸ ਨੰ:2113 ਆਫ 2017**

**ਹਾਜ਼ਰ:**

1) ਅਪੀਲਕਰਤਾ ਵੱਲੋਂ ਕੋਈ ਨਹੀਂ।
2) ਉਤਰਦਾਤਾ ਵੱਲੋਂ ਵੀ ਕੋਈ ਨਹੀਂ।

**ਹੁਕਮ:**

ਦੋਵਾਂ ਧਿਰਾਂ ਵਿੱਚੋਂ ਕੋਈ ਵੀ ਹਾਜ਼ਰ ਨਹੀਂ ਹੋਇਆ। ਪਰੰਤੂ ਸੀਨੀਅਰ ਮੈਡੀਕਲ ਅਫਸਰ, ਇੰਚਾਰਜ, ਪ੍ਰਾਇਮਰੀ ਸਿਹਤ ਕੇਂਦਰ, ਲੌਂਗੋਵਾਲ, ਜ਼ਿਲ੍ਹਾ ਸੰਗਰਰ, ਵੱਲੋਂ ਈ.ਮੇਲ, ਮਿਤੀ 08-01-2019 ਨਾਲ ਭੇਜੇ ਗਏ ਪੱਤਰ ਨੰ:49, ਮਿਤੀ 08-01-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕੀਤਾ ਗਿਆ ਹੈ ਕਿ ਡਾਕਟਰ ਅਖੀਲੇਸ਼ ਗਰੋਵਰ (ਤੀਜੀ ਧਿਰ) ਵੱਲੋਂ ਮਾਣਯੋਗ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵਿਖੇ ਦਾਇਰ ਕੀਤੀ ਗਈ ਸਿਵਲ ਰਿੱਟ ਪਟੀਸ਼ਨ ਨੰ:25698 ਆਫ਼ 2017 ਦੀ ਅਗਲੀ ਸੁਣਵਾਈ ਮਿਤੀ 27-02-2019 ਲਈ ਨਿਸਚਿਤ ਹੋਈ ਹੈ। ਇਹ ਮਾਮਲਾ ਸਬ-ਜੁਡਿਸ ਹੋਣ ਕਾਰਨ ਕਮਿਸ਼ਨ ਵੱਲੋਂ ਇਸ ਕੇਸ ਵਿੱਚ ਬਿਨਾਂ ਕੋਈ ਕਾਰਵਾਈ ਕੀਤਿਆਂ ਇਹ ਕੇਸ **ਅਗਲੀ ਸੁਣਵਾਈ ਲਈ ਮਿਤੀ 25-03-2019 ਨੂੰ ਸਵੇਰੇ 11:30 ਵਜੇ ਲਈ ਨਿਸ਼ਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 08 ਜਨਵਰੀ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172-2864125,2864110

ਮਿਸ: ਦਿਵਯਾ ਜੈਨ,
ਮਕਾਨ ਨੰ: 737, ਗਲੀ ਨੰ: 1 ਏ, ਬਲਾਕ ਡੀ,
ਗੁਰੂ ਨਾਨਕ ਕਲੋਨੀ ਸੰਗਰੂਰ। ----ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਪ੍ਰਾਇਮਰੀ ਸਿਹਤ ਸੈਂਟਰ, ਲੋਗੋਂਵਾਲ,
ਜਿਲ੍ਹਾ ਸੰਗਰੂਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਸਿਵਲ ਸਰਜਨ ,
ਜਿਲ੍ਹਾ ਪ੍ਰਬੰਧਕੀ ਕੰਪਲੈਕਸ ਬਲਾਕ 2 ,
ਤੀਜ਼ੀ ਮੰਜ਼ਿਲ ਸੰਗਰੂਰ। -----ਉੱਤਰਦਾਤਾ

**ਅਪੀਲ ਕੇਸ ਨੰ:2378 ਆਫ 2017**

**ਹਾਜ਼ਰ:**

1) ਅਪੀਲਕਰਤਾ ਵੱਲੋਂ ਕੋਈ ਨਹੀਂ।
2) ਉਤਰਦਾਤਾ ਵੱਲੋਂ ਵੀ ਕੋਈ ਨਹੀਂ।

**ਹੁਕਮ:**

ਦੋਵਾਂ ਧਿਰਾਂ ਵਿੱਚੋਂ ਕੋਈ ਵੀ ਹਾਜ਼ਰ ਨਹੀਂ ਹੋਇਆ। ਪਰੰਤੂ ਸੀਨੀਅਰ ਮੈਡੀਕਲ ਅਫਸਰ, ਇੰਚਾਰਜ, ਪ੍ਰਾਇਮਰੀ ਸਿਹਤ ਕੇਂਦਰ, ਲੌਂਗੋਵਾਲ, ਜ਼ਿਲ੍ਹਾ ਸੰਗਰਰ, ਵੱਲੋਂ ਈ.ਮੇਲ, ਮਿਤੀ 08-01-2019 ਨਾਲ ਭੇਜੇ ਗਏ ਪੱਤਰ ਨੰ:49, ਮਿਤੀ 08-01-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕੀਤਾ ਗਿਆ ਹੈ ਕਿ ਅਪੀਲਕਰਤਾ ਦੇ ਕੇਸ ਨਾਲ ਮਿਲਦੇ-ਜੁਲਦੇ ਵੱਖਰੇ ਕੇਸ ਨੰ:2113 ਆਫ 2017 ਵਿੱਚ ਡਾਕਟਰ ਅਖੀਲੇਸ਼ ਗਰੋਵਰ (ਤੀਜੀ ਧਿਰ) ਵੱਲੋਂ ਮਾਣਯੋਗ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵਿਖੇ ਦਾਇਰ ਕੀਤੀ ਗਈ ਸਿਵਲ ਰਿੱਟ ਪਟੀਸ਼ਨ ਨੰ:25698 ਆਫ਼ 2017 ਦੀ ਅਗਲੀ ਸੁਣਵਾਈ ਮਿਤੀ 27-02-2019 ਲਈ ਨਿਸਚਿਤ ਹੋਈ ਹੈ। ਇਹ ਮਾਮਲਾ ਸਬ-ਜੁਡਿਸ ਹੋਣ ਕਾਰਨ ਕਮਿਸ਼ਨ ਵੱਲੋਂ ਇਸ ਕੇਸ ਵਿੱਚ ਬਿਨਾਂ ਕੋਈ ਕਾਰਵਾਈ ਕੀਤਿਆਂ ਇਹ ਕੇਸ **ਅਗਲੀ ਸੁਣਵਾਈ ਮਿਤੀ 25-03-2019 ਨੂੰ ਸਵੇਰੇ 11:30 ਵਜੇ ਲਈ ਨਿਸ਼ਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 08 ਜਨਵਰੀ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172-2864125,2864110

ਮਿਸ: ਦਿਵਯਾ ਜੈਨ,
ਮਕਾਨ ਨੰ: 737, ਗਲੀ ਨੰ: 1 ਏ, ਬਲਾਕ ਡੀ,
ਗੁਰੂ ਨਾਨਕ ਕਲੋਨੀ, ਸੰਗਰੂਰ। -----ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਮੁੱਢਲਾ ਸਿਹਤ ਕੇਂਦਰ ਭਵਾਨੀਗੜ੍ਹ,
ਜਿਲ੍ਹਾ ਸੰਗਰੂਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਸਿਵਲ ਸਰਜਨ ,
ਜਿਲ੍ਹਾ ਪ੍ਰਸ਼ਾਸ਼ਨ ਕੰਪਲੈਕਸ ਬਲਾਕ ਨੰ: 2, ਤੀਜੀ ਮੰਜ਼ਿਲ,
ਸੰਗਰੂਰ।

------ਉੱਤਰਦਾਤਾ

**ਅਪੀਲ ਕੇਸ ਨੰ:2114 ਆਫ 2017**

**ਹਾਜ਼ਰ:**

1) ਅਪੀਲਕਰਤਾ ਵੱਲੋਂ ਕੋਈ ਨਹੀਂ।
2) ਉਤਰਦਾਤਾ ਵੱਲੋਂ ਵੀ ਕੋਈ ਨਹੀਂ।

**ਹੁਕਮ:**

ਦੋਵਾਂ ਧਿਰਾਂ ਵਿੱਚੋਂ ਕੋਈ ਵੀ ਹਾਜ਼ਰ ਨਹੀਂ ਹੋਇਆ। ਪਰੰਤੂ ਸੀਨੀਅਰ ਮੈਡੀਕਲ ਅਫਸਰ, ਇੰਚਾਰਜ, ਪ੍ਰਾਇਮਰੀ ਸਿਹਤ ਕੇਂਦਰ, ਲੌਂਗੋਵਾਲ, ਜ਼ਿਲ੍ਹਾ ਸੰਗਰਰ, ਵੱਲੋਂ ਈ.ਮੇਲ, ਮਿਤੀ 08-01-2019 ਨਾਲ ਭੇਜੇ ਗਏ ਪੱਤਰ ਨੰ:49, ਮਿਤੀ 08-01-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕੀਤਾ ਗਿਆ ਹੈ ਕਿ ਅਪੀਲਕਰਤਾ ਦੇ ਕੇਸ ਨਾਲ ਮਿਲਦੇ-ਜੁਲਦੇ ਵੱਖਰੇ ਕੇਸ ਨੰ:2113 ਆਫ 2017 ਵਿੱਚ ਡਾਕਟਰ ਅਖੀਲੇਸ਼ ਗਰੋਵਰ (ਤੀਜੀ ਧਿਰ) ਵੱਲੋਂ ਮਾਣਯੋਗ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵਿਖੇ ਦਾਇਰ ਕੀਤੀ ਗਈ ਸਿਵਲ ਰਿੱਟ ਪਟੀਸ਼ਨ ਨੰ:25698 ਆਫ਼ 2017 ਦੀ ਅਗਲੀ ਸੁਣਵਾਈ ਮਿਤੀ 27-02-2019 ਲਈ ਨਿਸਚਿਤ ਹੋਈ ਹੈ। ਇਹ ਮਾਮਲਾ ਸਬ-ਜੁਡਿਸ ਹੋਣ ਕਾਰਨ ਕਮਿਸ਼ਨ ਵੱਲੋਂ ਇਸ ਕੇਸ ਵਿੱਚ ਬਿਨਾਂ ਕੋਈ ਕਾਰਵਾਈ ਕੀਤਿਆਂ ਇਹ ਕੇਸ **ਅਗਲੀ ਸੁਣਵਾਈ ਮਿਤੀ 25-03-2019 ਨੂੰ ਸਵੇਰੇ 11:30 ਵਜੇ ਲਈ ਨਿਸ਼ਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 08 ਜਨਵਰੀ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਪੰਜਾਬ ਰੈੱਡ ਕਰਾਸ ਭਵਨ ਨਜਦੀਕ ਰੋਜ ਗਾਰਡਨ,ਸੈਕਟਰ 16 ਚੰਡੀਗੜ੍ਹ
E-mail :- psic23@punjabmail.gov.in, Phone No. 0172-2864113
(www.infocommpunjab.com) Fax : 0172-2864125,2864110

ਸ਼੍ਰੀ ਦੇਵਿੰਦਰ ਸਿੰਘ,
ਪੁੱਤਰ ਸ਼੍ਰੀ ਮਲਕੀਤ ਸਿੰਘ,
ਵਾਸੀ ਢਿਲਵਾਂ ਨਾਭਾ,
ਤਹਿਸੀਲ ਤਪਾ,
ਜ਼ਿਲ੍ਹਾ ਬਰਨਾਲਾ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਗੁਰੂ ਗੋਬਿੰਦ ਸਿੰਘ ਕਾਲਿਜ, ਸੰਘੇੜਾ,
ਬਰਨਾਲਾ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਡਾਇਰੈਕਟਰ, ਸਿੱਖਿਆ (ਕਾਲਿਜਾਂ),
ਪੰਜਾਬ ਸਕੂਲ ਸਿੱਖਿਆ ਬੋਰਡ ਕੰਪਲੈਕਸ,
ਈ-ਬਲਾਕ, 7ਵੀਂ ਮੰਜ਼ਿਲ, ਫੇਸ-8,
ਮੁਹਾਲੀ। -------ਉੱਤਰਦਾਤਾ

**ਅਪੀਲ ਕੇਸ ਨੰ:2498 ਆਫ 2014**

**ਹਾਜ਼ਰ:**

1) ਅਪੀਲਕਰਤਾ ਵੱਲੋਂ ਸ਼੍ਰੀ ਤੁਸ਼ਾਂਤ ਦੀਪ ਗਰਗ, ਐਡਵੋਕੇਟ (99881-32424)।
2) ਉਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਅਰੀਹੰਤ ਗੋਇਲ, ਐਡਵੋਕੇਟ (88721-00053)।

**ਹੁਕਮ:**

ਇਸ ਕੇਸ ਵਿੱਚ ਪੂਰਵਲੇ ਰਾਜ ਸੂਚਨਾ ਕਮਿਸ਼ਨਰ, ਸ਼੍ਰੀ ਆਰ.ਐਸ.ਨਾਗੀ, ਵੱਲੋਂ ਪਾਸ ਕੀਤੇ ਗਏ ਹੁਕਮ, ਮਿਤੀ 18-11-2014 ਵਿਰੁੱਧ ਲੋਕ ਸੂਚਨਾ ਅਧਿਕਾਰੀ (ਮੈਨੇਜਿੰਗ ਕਮੇਟੀ, ਗੁਰੂ ਗੋਬਿੰਦ ਸਿੰਘ ਕਾਲਿਜ, ਸੰਘੇੜਾ, ਬਰਨਾਲਾ) ਵੱਲੋਂ ਮਾਣਯੋਗ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵਿਖੇ ਸਿਵਲ ਰਿੱਟ ਪਟੀਸ਼ਨਠ ਨੰ:1843 ਆਫ 2015 ਦਾਇਰ ਕੀਤੀ ਗਈ ਸੀ। ਮਾਣਯੋਗ ਹਾਈ ਕੋਰਟ ਵੱਲੋਂ ਆਪਣੇ ਹੁ!ਕਮ, ਮਿਤੀ 04-02-2015 ਰਾਹੀਂ ਕਮਿਸ਼ਨ ਦੇ ਹੁਕਮ, ਮਿਤੀ 18-11-2014 ਤੇ ਰੋਕ ਲਗਾ ਦਿੱਤੀ ਗਈ ਸੀ ਅਤੇ ਰਾਜ ਸੂਚਨਾ ਕਮਿਸ਼ਨ ਵੱਲੋਂ ਆਪਣੇ ਹੁਕਮ, ਮਿਤੀ 05-02-2015 ਰਾਹੀਂ ਇਹ ਕੇਸ ਅਣਮਿੱਥੇ ਸਮੇਂ ਲਈ ਮੁਲਤਵੀ (Adjourned to sine-die) ਕਰ ਦਿੱਤਾ ਗਿਆ ਸੀ। ਮਾਣਯੋਗ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵੱਲੋਂ ਮਿਤੀ 28-09-2018 ਨੂੰ ਰਾਜ ਸੂਚਨਾ ਕਮਿਸ਼ਨ ਨੂੰ ਇਸ ਕੇਸ ਦੀ ਮੁੜ ਸੁਣਵਾਈ ਕਰਨ ਲਈ ਹੁਕਮ ਪਾਸ ਕੀਤੇ ਗਏ ਸਨ। ਇਸ ਲਈ ਮਿਤੀ 01-11-2018 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਅੱਜ ਮਿਤੀ 08-01-2019, (ਮੰਗਲਵਾਰ) ਨੂੰ 11:30 ਵਜੇ ਸਵੇਰੇ ਮੁੜ ਸੁਣਵਾਈ ਲਈ ਨਿਸ਼ਚਿਤ ਕੀਤਾ ਗਿਆ ਸੀ।

2. ਦੋਵੇਂ ਧਿਰਾਂ ਦੇ ਨੁਮਾਇੰਦਿਆਂ ਵੱਲੋਂ ਅੱਜ ਹਾਜ਼ਰ ਹੋ ਕੇ ਆਪਣੇ ਵਕਾਲਤਨਾਮੇ ਪੇਸ਼ ਕੀਤੇ ਗਏ ਅਤੇ ਆਪਣਾ ਪੱਖ ਪੇਸ਼ ਕਰਨ ਲਈ ਕੁੱਝ ਸਮੇਂ ਦੀ ਮੰਗੀ ਕੀਤੀ ਗਈ। ਦੋਵੇਂ ਧਿਰਾਂ ਦੀ ਬੇਨਤੀ ਅਨੁਸਾਰ ਇਹ ਕੇਸ **ਅਗਲੀ ਸੁਣਵਾਈ ਮਿਤੀ 13-02-2019 ਨੂੰ ਸਵੇਰੇ 11:30 ਵਜੇ ਲਈ ਨਿਸ਼ਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 08 ਜਨਵਰੀ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਵਿਕਰਮ ਵੈਦ, (94172-32897, 98550-32897)
#1527 ਗਲੀ ਨੰ: 2,
ਬਾਗ ਰਾਮਾ ਨੰਦ,
ਅੰਮ੍ਰਿਤਸਰ। -----ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਪ੍ਰਿੰਸੀਪਲ,
ਸਰਕਾਰੀ ਮੈਡੀਕਲ ਕਾਲਿਜ,
ਅੰਮ੍ਰਿਤਸਰ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਪ੍ਰਿੰਸੀਪਲ,
ਸਰਕਾਰੀ ਮੈਡੀਕਲ ਕਾਲਿਜ,
ਅੰਮ੍ਰਿਤਸਰ। -----ਉੱਤਰਦਾਤਾ

**ਅਪੀਲ ਕੇਸ ਨੰ: 3530 ਆਫ਼ 2018**

**ਹਾਜ਼ਰ:-**

1) ਸ਼੍ਰੀ ਵਿਕਰਮ ਵੈਦ, ਅਪੀਲਕਰਤਾ ।
2) ਉੱਤਰਦਾਤਾ ਵੱਲੋਂ ਵੀ ਕੋਈ ਨਹੀਂ।

**ਹਕਮ:**

ਉੱਤਰਦਾਤਾ ਵੱਲੋਂ ਅੱਜ ਪੇਸ਼ੀ ਤੇ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਨ੍ਹਾਂ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ।

2. ਅਪੀਲਕਰਤਾ ਨੇ ਅੱਜ ਹਾਜ਼ਰ ਹੋ ਕੇ ਆਪਣੇ ਬਿਨੈ-ਪੱਤਰ, ਮਿਤੀ 08-01-2019 ਰਾਹੀਂ ਲਿਖਤੀ ਰੂਪ ਵਿੱਚ ਕਮਿਸ਼ਨ ਨੂੰ ਸੂਚਿਤ ਕੀਤਾ ਹੈ ਕਿ ਉਸ ਦਾ ਇੱਕ ਹੋਰ ਅਪੀਲ ਕੇਸ ਨੰ:1673 ਆਫ 2018 ਮਾਣਯੋਗ ਰਾਜ ਸੂਚਨਾ ਕਮਿਸ਼ਨਰ ਸ਼੍ਰੀ ਸੰਜੀਵ ਗਰਗ ਜੀ ਕੋਲ ਚੱਲ ਰਿਹਾ ਹੈ ਜਿਸ ਦੀ ਸੁਣਵਾਈ ਮਿਤੀ 12-02-2019 ਲਈ ਨਿਸਚਿਤ ਹੈ। ਇਸ ਕਰਕੇ ਉਸ ਨੇ ਬੇਨਤੀ ਕੀਤੀ ਹੈ ਕਿ ਉਸ ਦਾ ਹਥਲਾ ਕੇਸ ਵੀ ਸ਼੍ਰੀ ਸੰਜੀਵ ਗਰਗ ਜੀ ਦੇ ਬੈਂਚ ਨੂੰ ਤਬਦੀਲ ਕਰ ਦਿੱਤਾ ਜਾਵੇ ਤਾਂ ਜੋ ਸਹੀ ਕਾਰਵਾਈ ਹੋ ਸਕੇ। ਅਪੀਲਕਰਤਾ ਦੀ ਬੇਨਤੀ ਅਨੁਸਾਰ ਇਹ ਕੇਸ ਡਿਪਟੀ ਰਜਿਸਟਰਾਰ ਨੂੰ ਮਾਣਯੋਗ ਮੁੱਖ ਸੂਚਨਾ ਕਮਿਸ਼ਨਰ ਜੀ ਦੇ ਹੁਕਮ ਪ੍ਰਾਪਤ ਕਰਨ ਲਈ ਭੇਜਿਆ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 08 ਜਨਵਰੀ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਕਾਪੀ:-**

ਡਿਪਟੀ ਰਜਿਸਟਰਾਰ (ਸਮੇਤ ਮਿਸਲ),
ਰਾਜ ਸੂਚਨਾ ਕਮਿਸ਼ਨ, ਪੰਜਾਬ।